# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 28-03-2025**

ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਜੋ ਲੋਕ ਰਾਸ਼ਟਰੀ ਸੁਰੱਖਿਆ ਲਈ ਖ਼ਤਰਾ ਪੈਦਾ ਕਰਦੇ ਨੇ ਉਨ੍ਹਾਂ ਨੂੰ ਭਾਰਤ ਵਿੱਚ ਦਾਖਲ ਹੋਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਇਮੀਗ੍ਰੇਸ਼ਨ ਤੇ ਵਿਦੇਸ਼ੀ ਬਿੱਲ, 2025 'ਤੇ ਬਹਿਸ ਦਾ ਜਵਾਬ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਭਾਵੇਂ ਉਹ ਰੋਹਿੰਗਿਆ ਹੋਣ ਜਾਂ ਬੰਗਲਾਦੇਸ਼ੀ, ਜੇਕਰ ਉਹ ਭਾਰਤ ਵਿੱਚ ਅਸ਼ਾਂਤੀ ਪੈਦਾ ਕਰਨ ਲਈ ਆਉਂਦੇ ਨੇ , ਤਾਂ ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਸ੍ਰੀ ਸ਼ਾਹ ਨੇ ਕਿਹਾ ਕਿ ਦੇਸ਼ ਕੋਈ 'ਧਰਮਸ਼ਾਲਾ' ਨਹੀਂ ਜਿੱਥੇ ਕੋਈ ਵੀ ਆਪਣੀ ਮਰਜ਼ੀ ਨਾਲ ਰਹਿ ਸਕਦਾ ਏ । ਸ੍ਰੀ ਸ਼ਾਹ ਨੇ ਕਿਹਾ, ਇਮੀਗ੍ਰੇਸ਼ਨ ਤੇ ਵਿਦੇਸ਼ੀ ਬਿੱਲ ਨਾਲ ਸਰਕਾਰ ਦੇਸ਼ ਵਿੱਚ ਦਾਖਲ ਹੋਣ ਵਾਲੇ ਹਰੇਕ ਵਿਦੇਸ਼ੀ ਨੂੰ ਟਰੈਕ ਕਰਨ ਲਈ ਇੱਕ ਵਿਸਥਾਰਤ ਤੇ ਢਾਂਚਾਗਤ ਪ੍ਰਣਾਲੀ ਸਥਾਪਤ ਕਰੇਗੀ ।

---

ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ  ਦੀ ਕਾਰਵਾਈ ਅੱਜ ਸਭਾ ਦੇ ਅਖੀਰਲੇ ਦਿਨ ਬਾਅਦ ਦੁਪਹਿਰ ਤੱਕ ਜਾਰੀ ਰਹੀ। ਵੱਖ ਵੱਖ ਮੈਂਬਰਾਂ ਵਲੋਂ ਕਈ ਵਿਸ਼ਿਆਂ ਤੇ ਵਿਚਾਰ ਵਟਾਂਦਰੇ ਤੇ ਸਵਾਲ ਜਵਾਬ ਕੀਤੇ ਗਏ, ਜਿੱਥੇ ਵਿਧਾਇਕ ਸੰਦੀਪ ਜਾਖੜ  ਨੇ ਸਿਫਰ ਕਾਲ  ਦੌਰਾਨ ਜਿਥੇ ਪੰਜਾਬ ਸਰਕਾਰ ਵਲੋਂ ਚਲਾਈ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਪ੍ਰਸ਼ੰਸਾ ਕੀਤੀ ਉਥੇ ਹੀ ਇਕ ਅਖਬਾਰ ਵਿਚ ਨਸ਼ਿਆਂ ਦੀ ਉਪਲਬਧਤਾ ਬਾਰੇ ਛਪੀ ਰਿਪੋਰਟ ਦਾ ਹਵਾਲਾ ਦਿੰਦਿਆਂ ਸਪੀਕਰ ਨੂੰ ਇਸ ਦਾ ਨੋਟਿਸ  ਲੈਣ ਲਈ ਬੇਨਤੀ ਕਰਦਿਆਂ ਕਿਹਾ ਕਿ ਕਿਤੇ ਇਹ ਮੁਹਿਮ ਪਬਲਿਕ ਰਿਲੇਸ਼ਨ ਦੀ ਕਾਰਵਾਈ ਬਣ ਕੇ ਨਾ ਰਹਿ ਜਾਵੇ। ਐਮ.ਐਲ.ਏ. ਸ਼ੈਰੀ ਕਲਸੀ ਨੇ ਧਾਰਮਿਕ ਪੁਸਤਕਾਂ ਦੀ ਬੇਅਦਬੀ ਬਾਰੇ ਸਖਤ ਸਜ਼ਾ ਦੇਣ ਲਈ ਕਾਨੂੰਨ ਬਣਾਉਣ ਨੂੰ ਕਿਹਾ। ਇਜਲਾਸ ਦੌਰਾਨ ਬਹੁਤ ਸਾਰੀਆਂ ਰਿਪੋਰਟਾਂ ਤੇ ਸਰਕਾਰੀ ਮਤੇ ਵੀ ਪੇਸ਼ ਕੀਤੇ ਗਏ। ਸੂਬੇ ਦੇ ਕਿਰਤ ਮੰਤਰੀ ਤਰੁਣਪ੍ਰੀਤ ਸਿੰਘ ਸੌਦ ਨੇ ਵਿਧਾਨ ਸਭਾ ਵਿਚ ਵਿਧਾਇਕ ਦਿਨੇਸ਼ ਚੱਡਾ ਵੱਲੋਂ ਪੁੱਛੇ ਇੱਕ ਸਵਾਲ ਜਵਾਬ ਵਿੱਚ

ਕਿਹਾ ਕਿ ਪੰਜਾਬ ਸਰਕਾਰ ਦੀ ਮਨਰੇਗਾ ਵਰਕਰਾਂ ਨੂੰ ਬਿਲਡਿੰਗ ਤੇ ਹੋਰ ਕੰਸਟਰਕਸ਼ਨ ਵੈਲਫੇਅਰ ਬੋਰਡ ਵਿਚ ਸ਼ਾਮਿਲ ਕਰਨ ਦੀ ਯੋਜਨਾ ਏ। 21 ਮਾਰਚ ਤੋਂ ਅੱਜ 28 ਮਾਰਚ ਤੱਕ ਚਲਿਆ ਪੰਜਾਬ ਵਿਧਾਨ ਸਭਾ ਦਾ ਇਹ ਬਜਟ ਇਜਲਾਸ ਦੁਪਹਿਰ ਬਾਅਦ ਅਨਮਿਥੇ ਸਮੇਂ ਲਈ ਉਠਾ ਦਿੱਤਾ ਗਿਆ ਏ।

---------------------------------------------------------------

ਪੰਜਾਬ ਸਰਕਾਰ ਨੇ ਅੱਜ ਸੁਪਰੀਮ ਕੋਰਟ ਨੂੰ ਸੂਚਿਤ ਕੀਤਾ ਏ ਕਿ ਉਸ ਨੇ ਹਰਿਆਣਾ ਨੇੜੇ ਸ਼ੰਭੂ ਤੇ ਖਨੌਰੀ ਸਰਹੱਦਾਂ ਤੋਂ ਪ੍ਰਦਰਸ਼ਨਕਾਰੀ ਕਿਸਾਨਾਂ ਨੂੰ ਹਟਾ ਦਿੱਤਾ ਏ , ਤੇ ਰਾਸ਼ਟਰੀ ਰਾਜਮਾਰਗ ਤੇ ਆਵਾਜਾਈ ਬਹਾਲ ਕਰ ਦਿਤੀ ਏ। ਪੰਜਾਬ ਦੇ ਐਡਵੋਕੇਟ ਜਨਰਲ ਗੁਰਮਿੰਦਰ ਸਿੰਘ ਨੇ ਜਸਟਿਸ ਸੂਰਿਆ ਕਾਂਤ ਤੇ ਐਨ ਕੇ ਸਿੰਘ ਦੀ ਬੈਂਚ ਨੂੰ ਇਹ ਵੀ ਦੱਸਿਆ ਕਿ ਬਜ਼ੁਰਗ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਆਪਣੀ ਭੁੱਖ ਹੜਤਾਲ ਖਤਮ ਕਰ ਦਿੱਤੀ ਏ। ਅਦਾਲਤ ਨੇ ਉੱਚ ਅਧਿਕਾਰ ਪ੍ਰਾਪਤ ਕਮੇਟੀ, ਜਿਸ ਨੂੰ ਪ੍ਰਦਰਸ਼ਨਕਾਰੀ ਕਿਸਾਨਾਂ ਅਤੇ

ਸਰਕਾਰਾਂ ਨਾਲ ਗੱਲਬਾਤ ਕਰਨ ਲਈ ਗਠਿਤ ਕੀਤਾ ਗਿਆ ਸੀ, ਨੂੰ ਆਪਣੀ ਪੂਰਕ ਰਿਪੋਰਟ ਦਾਇਰ ਕਰਨ ਦਾ ਨਿਰਦੇਸ਼ ਵੀ ਦਿੱਤਾ।

--------------------------------------------------------

ਭਾਰਤ ਦੇ ਚੀਫ ਜਸਟਿਸ ਸੰਜੀਵ ਖੰਨਾ ਦਾ ਓਹਨਾ ਦੇ ਹਿਮਾਚਲ ਦੌਰੇ ਦੌਰਾਨ ਪਠਾਨਕੋਟ ਪਹੁੰਚਣ ਤੇ ਨਿੱਘਾ ਸਵਾਗਤ ਕੀਤਾ ਗਿਆ। ਉਹ ਅ ਜ ਤੜਕੇ ਆਪਣੇ ਡਲਹੋਜੀ ਦੌਰੇ ਲਈ ਪਠਾਨਕੋਟ ਛਾਉਣੀ ਰੇਲਵੇ ਸਟੇ ਸ਼ਨ ਤੇ ਪਹੁੰਚੇ ਸਨ, ਜਿਸ ਦੌਰਾਨ ਪੰਜਾਬ ਦੇ ਕੈਬਿਨੇਟ ਮੰਤਰੀ ਲਾਲਚੰ ਦ ਕਟਾਰੁਚਕ ਤੇ ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਵਲੋਂ ਓਹਨਾ ਦਾ ਸਵਾਗਤ ਕੀਤਾ ਗਿਆ।

--------------------------------------------------------

ਪੰਜਾਬ ਫੂਡ ਐਂਡ ਡਰੱਗਜ਼ ਐਡਮਿਨਿਸਟ੍ਰੇਸ਼ਨ ਵਲੋਂ ਪੰਜਾਬ ਵਿਧਾਨ ਸ ਭਾ ਕੰਪਲੈਕਸ ਵਿਖੇ ਸੁਰੱਖਿਅਤ ਭੋਜਨ ਅਭਿਆਸਾਂ, ਸਿਹਤਮੰਦ ਖੁਰਾਕਾਂ ਤੇ ਟਿਕਾਊ ਖਾਣਪੀਣ ਦੀਆਂ ਆਦਤਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ 'ਈਟ ਰਾਈਟ' ਮੇਲਾ ਲਗਾਇਆ ਗਿਆ। ਵਿਧਾਨ ਸਭਾ ਦੇ ਸਪੀਕ ਰ ਕੁਲਤਾਰ ਸਿੰਘ ਸੰਧਵਾਂ ਤੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ.

ਬਲਬੀਰ ਸਿੰਘ ਦੇ ਨਿਰਦੇਸ਼ਾਂ 'ਤੇ ਆਯੋਜਿਤ ਇਸ ਮੇਲਾ ਵਿਚ ਸਵੈ-ਸਹਾਇਤਾ ਸਮੂਹਾਂ, ਭੋਜਨ ਉਦਯੋਗ ਦੇ ਨਵੀਨਤਾਕਾਰਾਂ, ਪੀਜੀਆਈ ਦੇ ਖੁਰਾਕ ਮਾਹਿਰਾਂ ਤੇ ਹੋਰ ਹਿੱਸੇਦਾਰਾਂ ਨੇ ਉਤਸ਼ਾਹ ਨਾਲ ਭਾਗੀਦਾਰੀ ਕੀ ਤੀ। ਇਕੱਠ ਨੂੰ ਸੰਬੋਧਨ ਕਰਦੇ ਹੋਏ ਡਾ. ਬਲਬੀਰ ਸਿੰਘ ਨੇ ਕਿਹਾ ਕਿ 'ਈਟ ਰਾਈਟ' ਮੇਲਾ ਨਾਗਰਿਕਾਂ ਨੂੰ ਭੋਜਨ ਸੁਰੱਖਿਆ, ਖੁਰਾਕ ਸੰਬੰਧੀ ਵਿ ਕਲਪਾਂ ਤੇ ਸਿਹਤ ਨੂੰ ਉਤਸ਼ਾਹਿਤ ਕਰਨ ਵਾਲੀਆਂ ਸਰਕਾਰੀ ਪਹਿਲਕ ਦਮੀਆਂ ਬਾਰੇ ਜਾਗਰੂਕ ਕਰਨ ਲਈ ਇੱਕ ਪਲੇਟਫਾਰਮ ਵਜੋਂ ਕੰਮ ਕਰ ਦਾ ਏ।

---

ਗੁਰੂ ਨਾਨਕ ਦੇਵ ਯੂਨੀਵਰਸਿਟੀ ਲਾਡੋਵਾਲੀ ਰੋਡ ਵਿਖੇ ਦੋ ਰੋਜ਼ਾ ਖੇਡ ਮੇਲੇ ਦੀ ਸ਼ੁਰੂਆਤ ਬੜੇ ਜੋਸ਼ੋ ਖਰੋਸ਼ ਨਾਲ ਹੋਈ। ਓ.ਐਸ.ਡੀ. ਡਾ ਕਮਲੇਸ਼ ਸਿੰਘ ਦੁੱਗਲ ਨੇ ਖੇਡ ਮੇਲੇ ਦੀ ਸ਼ੁਰੂਆਤ ਕਰਦਿਆਂ ਵਿਦਿਆਰਥੀਆਂ ਨੂੰ ਖੇਡ ਭਾਵਨਾ ਨਾਲ ਮੁਕਾਬਲਿਆਂ ਵਿਚ ਹਿੱਸਾ ਲੈਣ ਲਈ ਆਖਿਆ। ਇਸ ਮੌਕੇ ਮੁੱਖ ਮਹਿਮਾਨ ਹਾਕੀ ਉਲੰਪੀਅਨ ਗੁਨਦੀਪ ਕੁਮਾਰ ਨੇ ਵਿਦਿਆਰਥੀਆਂ ਨੂੰ ਖੇਡਾਂ ਵਿਚ ਵੱਧ ਚੜ ਕੇ ਹਿੱਸਾ ਲੈਣ ਦੀ

ਅਪੀਲ ਕਰਦਿਆਂ ਕਿਹਾ  ਕਿ ਖੇਡਾਂ ਵਿਦਿਆਰਥੀਆਂ ਨੂੰ ਮਾਨਸਿਕ ਤੇ ਸਰੀਰਕ ਤੌਰ ਤੇ ਮਜਬੂਤ ਕਰਦੀਆਂ ਨੇ। ਇਸ ਮੌਕੇ  ਵਿਦਿਆਰਥੀਆਂ ਨੂੰ ਨਸ਼ਿਆਂ ਵਿਰੁੱਧ ਯੁੱਧ ਦੀ ਵੀ ਸੁੰਹ ਚੁਕਾਈ ਗਈ। ਪਹਿਲੇ ਦਿਨ ਕ੍ਰਿਕਟ, ਸ਼ਤਰੰਜ, ਕੈਰਮ ਅਤੇ ਵਾਲੀਵਾਲ ਦੇ ਮੁਕਾਬਲੇ ਆਯੋਜਿਤ ਕੀਤੇ ਗਏ।

---------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਰਾਮ ਨੌਮੀ ਮੌਕੇ 6 ਅਪ੍ਰੈਲ ਨੂੰ ਕੱਢੀ ਜਾਣ ਵਾਲੀ ਸ਼ੋਭਾ ਯਾਤਰਾ ਸਬੰਧੀ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਕੀਤੇ ਜਾਣ ਵਾਲੇ ਪ੍ਰਬੰਧਾਂ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀਆਂ ਡਿਊਟੀਆਂ ਨਿਰਧਾਰਿਤ ਕੀਤੀਆਂ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਸ੍ਰੀ ਰਾਮ ਨੌਮੀ ਉਤਸਵ ਕਮੇਟੀ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਸ਼ੋਭਾ ਯਾਤਰਾ ਵਿਚ ਸ਼ਾਮਲ ਹੋਣ ਵਾਲੇ ਸ਼ਰਧਾਲੂਆਂ ਦੀ ਸਹੂਲਤ ਲਈ

ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਜਾਣ ਤਾਂ ਜੋ ਉਨ੍ਹਾਂ ਨੂੰ ਕਿਸੇ ਕਿਸਮ ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।

-----------------------------------------------------------

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸਮਾਜ ਸੇਵੀ ਸੰਸਥਾ ਦਿਸ਼ਾਦੀਪ ਵ ਲੋਂ ਜ਼ਿਲ੍ਹਾ ਪ੍ਰਸ਼ਾਸਨ ਜਲੰਧਰ ਦੇ ਸਹਿਯੋਗ ਨਾਲ ਸੀ.ਟੀ. ਗਰੁੱਪ ਆਫ਼ ਇੰ ਸਟੀਊਸ਼ਨਜ਼ ਮਕਸੂਦਾਂ ਵਿਖੇ ਸੈਮੀਨਾਰ ਕਰਵਾਇਆ ਗਿਆ, ਜਿਸ ਵਿਚ ਏ.ਸੀ.ਪੀ. ਰਿਸ਼ਭ ਭੋਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸੈਮੀ ਨਾਰ ਦੌਰਾਨ ਸੰਬੋਧਨ ਕਰਦਿਆਂ ਏ.ਸੀ.ਪੀ. ਰਿਸ਼ਭ ਭੋਲਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਨਸ਼ਿਆਂ ਖਿਲਾਫ਼ ਜ਼ੀਰੋ ਟਾਲਰੈਂਸ ਦੀ ਨੀਤੀ ਅਪਣਾ ਉਂਦੇ ਹੋਏ ਫੈਸਲਾਕੁੰਨ ਜੰਗ ਵਿੱਢੀ ਹੋਈ ਏ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਣਤ ਤੋਂ ਦੂਰ ਰਹਿਣ ਤੇ ਆਪਣੇ ਆਲੇਦੁਆਲੇ ਦੇ ਲੋਕਾਂ ਨੂੰ ਵੀ ਇ ਸ ਦੇ ਮਾੜੇ ਪ੍ਰਭਾਵਾਂ ਤੋਂ ਸੁਚੇਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਕੋਈ ਵੀ ਲੜਾਈ ਲੋਕਾਂ ਦੇ ਸਹਿਯੋਗ ਤੋਂ ਬਿਨਾਂ ਨਹੀਂ ਜਿੱਤੀ ਜਾ ਸਕ ਦੀ, ਇਸ ਲਈ ਲੋਕਾਂ ਖਾਸ ਕਰ ਨੌਜਵਾਨਾਂ ਨੂੰ ਨਸ਼ਿਆਂ ਖਿਲਾਫ਼ ਅੱਗੇ ਆ ਉਂਦਿਆਂ ਇਸ ਲੜਾਈ ਵਿਚ ਪੁਲਿਸ ਦਾ ਸਾਥ ਦੇਣਾ ਚਾਹੀਦਾ ਏ।